# ਮਾਲਦੀਵ ਦੇ ਵਿਦੇਸ਼ ਮੰਤਰੀ ਦਾ ਭਾਰਤ ਨੂੰ ਦੌਰਾ (ਮਈ 09, 2024)

ਮਈ 07, 2024

ਮਾਲਦੀਵ ਦੇ ਵਿਦੇਸ਼ ਮਾਮਲਿਆਂ ਦੇ ਮੰਤਰੀ ਮਹਾਮਹਿਮ ਸ਼੍ਰੀ ਮੂਸਾ ਜ਼ਮੀਰ 09 ਮਈ 2024 ਨੂੰ ਇੱਕ ਅਧਿਕਾਰਤ ਦੌਰੇ 'ਤੇ ਭਾਰਤ ਵਿੱਚ ਹੋਣਗੇ।

2. ਨਵੀਂ ਦਿੱਲੀ ਦੀ ਆਪਣੀ ਯਾਤਰਾ ਦੇ ਦੌਰਾਨ, ਵਿਦੇਸ਼ ਮੰਤਰੀ ਜ਼ਮੀਰ, ਆਪਸੀ ਹਿੱਤਾਂ ਦੇ ਦੁਵੱਲੇ ਅਤੇ ਖੇਤਰੀ ਮੁੱਦਿਆਂ 'ਤੇ ਵਿਚਾਰ ਸਾਂਝੇ ਕਰਨ ਦੇ ਵਾਸਤੇ, ਵਿਦੇਸ਼ ਮੰਤਰੀ ਡਾ. ਐੱਸ ਜੈਸ਼ੰਕਰ ਨਾਲ ਮੁਲਾਕਾਤ ਕਰਨਗੇ।

3. ਮਾਲਦੀਵ ਹਿੰਦ ਮਹਾਸਾਗਰ ਖੇਤਰ (IOR) ਵਿੱਚ ਭਾਰਤ ਦਾ ਪ੍ਰਮੁੱਖ ਸਮੁੰਦਰੀ ਗੁਆਂਢੀ ਹੈ ਅਤੇ ਵਿਦੇਸ਼ ਮੰਤਰੀ ਜ਼ਮੀਰ ਦੀ ਯਾਤਰਾ ਦੇ ਨਾਲ, ਦੋਵੇਂ ਮੁਲਕਾਂ ਦਰਮਿਆਨ ਦੁਵੱਲੇ ਸਹਿਯੋਗ ਨੂੰ ਹੋਰ ਗਤੀ ਮਿਲਣ ਦੀ ਉਮੀਦ ਹੈ।

**ਨਵੀਂ ਦਿੱਲੀ**
**ਮਈ 07, 2024**